Ref- 6673 to 6678
Dt- 4/10/17

# ਮਹਾਰਾਜਾ ਰਣਜੀਤ ਸਿੰਘ ਪੰਜਾਬ ਤਕਨੀਕੀ ਯੂਨੀਵਰਸਿਟੀ, ਬਠਿੰਡਾ

O/C

Firm Addres

**ਵਿਸ਼ਾ:- ਉੱਤਰ-ਕਾਪੀਆਂ ਦੀ ਰੱਦੀ ਵੇਚਣ ਸਬੰਧੀ।**

ਯੂਨੀਵਰਸਿਟੀ ਵੱਲੋ ਉੱਤਰ-ਕਾਪੀਆਂ ਦੀ ਤਕਰੀਬਨ ..20.. ਕੁਇੰਟਲ ਰੱਦੀ ਵੇਚਣ ਲਈ ਸੀਲ ਬੰਦ ਲਿਫ਼ਾਫੇ ਵਿੱਚ ਕੁਟੇਸ਼ਨਾਂ ਮੰਗੀਆਂ ਜਾਂਦੀਆਂ ਹਨ। ਇਹ ਕੁਟੇਸ਼ਨਾਂ ਰਜਿਸਟਰਾਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਤਕਨੀਕੀ ਯੂਨੀਵਰਸਿਟੀ, ਬਠਿੰਡਾ ਦੇ ਨਾਮ ਤੇ ਮਿਤੀ 26-10-2017 ਸ਼ਾਮ ..10:00.. ਵਜੇ ਤੱਕ ਰਜਿਸਟਰਡ ਡਾਕ/ਸਪੀਡ ਪੋਸਟ/ਕੋਰਿਯਰ ਰਾਹੀਂ ਹਰ ਹਾਲਤ ਵਿਚ ਪੁੱਜਦੀਆਂ ਹੋਣ। ਕੁਟੇਸ਼ਨਾਂ ਦੇ ਨਾਲ ...5000/- ਰੁਪਏ... ਦਾ ਡਿਮਾਂਡ ਡਰਾਫ਼ਟ ਜੋ ਕਿ ਰਜਿਸਟਰਾਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਤਕਨੀਕੀ ਯੂਨੀਵਰਸਿਟੀ, ਬਠਿੰਡਾ ਦੇ ਨਾਮ ਅਤੇ ਬਠਿੰਡਾ ਵਿਖੇ ਅਦਾਇਗੀ ਯੋਗ ਹੋਵੇ, ਬਤੌਰ ਜ਼ਮਾਨਤੀ ਰਕਮ, ਨਾਲ ਨੱਥੀ ਕੀਤਾ ਜਾਵੇ।

ਕੁਟੇਸ਼ਨਾਂ ਮਿਤੀ 26-10-17 ਨੂੰ ਬਾਅਦ ਦੁਪਹਿਰ 3:00 pm ਵਜੇ ਕੰਟਰੋਲਰ (ਪ੍ਰੀਖਿਆਵਾਂ) ਦੇ ਦਫ਼ਤਰ ਵਿਖੇ ਟੈਂਡਰਕਾਰਾਂ ਦੀ ਹਾਜਰੀ ਵਿਚ ਖੋਲ੍ਹੀਆਂ ਜਾਣਗੀਆਂ। ਰੱਦੀ ਚੁੱਕਣ ਤੋਂ ਪਹਿਲਾ ਫ਼ਰਮਾਂ/ਟੈਂਡਰਕਾਰਾਂ ਨੂੰ ਯੂਨੀਵਰਸਿਟੀ ਵਿਖੇ ਸਵੈ-ਘੋਸ਼ਣਾ ਪੱਤਰ ਦੇਣਾ ਪਵੇਗਾ। ਜਿਸ ਦੀਆਂ ਸ਼ਰਤਾਂ ਇਸ ਪੱਤਰ ਦੇ ਨਾਲ ਨੱਥੀ ਪ੍ਰੋਫਾਰਮੇ ਤੇ ਅੰਕਿਤ ਹਨ। ਕੁਟੇਸ਼ਨ ਮੰਜੂਰ ਹੋਣ ਦੀ ਸੂਰਤ ਵਿੱਚ ਪ੍ਰਵਾਨਗੀ ਪ੍ਰਾਪਤ ਹੋਣ ਦੀ ਮਿਤੀ ਤੋਂ 5 ਦਿਨਾਂ ਦੇ ਅੰਦਰ-ਅੰਦਰ ਸਵੈ-ਘੋਸ਼ਣਾ ਪੱਤਰ ਦੀਆਂ ਸ਼ਰਤਾਂ ਅਨੁਸਾਰ ਪੂਰੀ ਅਦਾਇਗੀ ਦੇ ਕੇ ਰੱਦੀ ਚੁੱਕਣੀ ਹੋਵੇਗੀ।

ਕੁਟੇਸ਼ਨ ਹੇਠ ਦਿਤੇ ਪ੍ਰੋਫਾਰਮੇ ਤੇ ਪਾਸਪੋਰਟ ਸਾਈਜ ਦੀ ਤਸਦੀਕ ਸ਼ੁਦਾ ਫੋਟੋ ਲਗਾਉਂਦੇ ਹੋਏ, ਰਿਹਾਇਸ਼ ਦੇ ਸਬੂਤ ਅਤੇ ਪਹਿਚਾਣ ਪੱਤਰ ਦੀ ਫੋਟੋਕਾਪੀ ਸਹਿਤ ਭੇਜੀ ਜਾਵੇ। ਅਧੂਰੀ ਕੁਟੇਸ਼ਨ ਕਿਸੇ ਵੀ ਸੂਰਤ ਵਿਚ ਸਵੀਕਾਰ ਨਹੀਂ ਕੀਤੀ ਜਾਵੇਗੀ।

4/10/17

ਚੇਅਰਮੈਨ ਉੱਤਰ-ਕਾਪੀਆਂ ਡਸਪੋਜ਼ਲ ਕਮੇਟੀ

ਕੁਟੇਸ਼ਨਾਂ ਲਈ ਪ੍ਰੋਫਾਰਮਾ :

ਉੱਤਰ-ਕਾਪੀਆਂ ਦੀ ਰੱਦੀ ਖ਼ੀਦਣ ਲਈ ਯੂਨੀਵਰਸਿਟੀ ਨੂੰ ਦਿਤੇ ਜਾਣ ਵਾਲੇ ਘੋਸ਼ਣਾ ਪੱਤਰ ਦੀਆਂ ਸ਼ਰਤਾਂ ਮੈਂ ਪੜ੍ਹ ਲਈਆਂ ਹਨ ਤੇ ਮੈਨੂੰ ਸਵੀਕਾਰ ਹਨ। ਉੱਤਰ-ਕਾਪੀਆਂ ਦੀ ਰੱਦੀ ਮੈਂ ...................... ਰੁਪਏ ਪ੍ਰਤੀ ਕਿਲੋਗ੍ਰਾਮ ਦੇ ਹਿਸਾਬ ਨਾਲ ਖ਼ੀਦਣ ਦਾ ਰੇਟ ਦਿੰਦਾ ਹਾਂ। ਪੇਸ਼ਗੀ ਰਕਮ ਵੱਜੋਂ 5,000/-ਰੁਪਏ ਦਾ ਡਿਮਾਂਡ ਡਰਾਫਟ ਨੰ: ...................... ਮਿਤੀ ......................ਰਿਹਾਇਸ਼ ਦਾ ਸਬੂਤ ਅਤੇ ਪਹਿਚਾਣ ਪੱਤਰ ਦੀ ਕਾਪੀ ਵੀ ਨੱਥੀ ਹੈ।

ਟੈਂਡਰਕਾਰ ਦੇ ਹਸਤਾਖਰ..............................

ਟੈਂਡਰਕਾਰ ਦਾ ਪੂਰਾ ਨਾਮ.............................

ਪਤਾ.....................................................

ਫੋਨ/ਮੋਬਾਇਲ ਨੰ: .....................................

ਗਲੀ/ਮੁਹੱਲੇ ਦੇ ਕਿਸੇ ਜਾਣਕਾਰੀ ਦੀ ਗਵਾਹੀ

ਹਸਤਾਖਰ...........................................

# ਸਵੈ-ਘੋਸ਼ਣਾ ਪੱਤਰ

ਮੈਂ(ਟੈਂਡਰਕਾਰ) ....................................., ਰਜਿਸਟਰਾਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਤਕਨੀਕੀ ਯੂਨੀਵਰਸਿਟੀ, ਬਠਿੰਡਾ ਨਾਲ ਇਕਰਾਰ ਕਰਦਾ ਹਾਂ ਕਿ ਉੱਤਰ-ਕਾਪੀਆਂ ਦੀ ਰੱਦੀ ਖ਼ੀਦਣ ਲਈ ਯੂਨੀਵਰਸਿਟੀ ਵੱਲੋਂ ਲਗਾਈਆਂ ਹੇਠ ਲਿਖੀਆਂ ਸ਼ਰਤਾਂ ਮੈਨੂੰ ਸਵੀਕਾਰ ਹਨ ਅਤੇ ਇਨ੍ਹਾਂ ਦੀ ਪਾਲਣਾ ਕਰਦੇ ਹੋਏ ਮੈਂ ਇਹ ਰੱਦੀ ਚੁੱਕ ਲਵਾਂਗਾ:-

01) ਮੈਂ ਉੱਤਰ-ਕਾਪੀਆਂ ਦੀ ਰੱਦੀ ਦੀ ਖ਼ੀਦ ਅਦਾਇਗੀ ਰੇਟ ............. ਪ੍ਰਤੀ ਕਿਲੋਗ੍ਰਾਮ ਦੇ ਹਿਸਾਬ ਨਾਲ ਕਰਾਂਗਾ।

02) ਯੂਨੀਵਰਸਿਟੀ ਦੇ ਕੈਂਪਸ ਵਿੱਚ ਸੀਕਰੇਸੀ ਸ਼ਾਖਾ ਵੱਲੋਂ ਦੱਸੇ ਗਏ ਗੋਦਾਮਾਂ ਤੋਂ ਇਹ ਰੱਦੀ ਚੁੱਕਣ ਦਾ ਪ੍ਰਬੰਧ ਮੇਰਾ ਆਪਣਾ ਹੋਵੇਗਾ। ਇਹ ਰੱਦੀ ਚੁਕਵਾਉਣ/ਬੋਰੀਆਂ ਵਿੱਚ ਭਰਾਈ ਅਤੇ ਰੱਦੀ/ਬੋਰੀਆਂ ਦੀ ਢੋਆ-ਢੁਆਈ ਲਈ ਲੱਗਣ ਵਾਲੀ ਲੇਬਰ ਦਾ ਪ੍ਰਬੰਧ ਤੇ ਉਸ ਤੇ ਆਉਣ ਵਾਲਾ ਸਾਰਾ ਖਰਚਾ ਆਦਿ ਮੇਰੇ ਵੱਲੋਂ ਕੀਤਾ ਜਾਵੇਗਾ।

03) ਸਵੈ-ਘੋਸ਼ਣਾ ਪੱਤਰ ਦੀਆਂ ਸ਼ਰਤਾਂ ਦੀ ਪਾਲਣਾ ਕਰਦੇ ਹੋਏ, ਪੂਰੀ ਅਦਾਇਗੀ ਕਰਕੇ ਮੈਂ ਸਾਰੀ ਰੱਦੀ ਮਿਤੀ ................ ਤੱਕ ਚੁੱਕ ਲਵਾਂਗਾ।

04) ਰੱਦੀ ਦਾ ਭਰਿਆ ਕੋਈ ਵੀ ਟਰੱਕ ਮੇਨ ਗੇਟ ਤੋਂ ਬਾਹਰ ਲਿਜਾਣ ਤੋਂ ਪਹਿਲਾਂ ਖਰੀਦ ਦੀ ਬਣਦੀ ਅੰਦਾਜ਼ਨ ਕੀਮਤ ਲੇਖਾ ਸ਼ਾਖਾ ਵਿੱਚ ਅਗੇਤੇ ਤੌਰ ਤੇ ਜਮ੍ਹਾਂ ਕਰਾਵਾਂਗਾ।

05) ਜਿਸ ਦਿਨ ਵੀ ਰੱਦੀ ਦਾ ਭਰਿਆ ਟਰੱਕ ਲੋਡ ਕੀਤਾ ਜਾਵੇਗਾ, ਉਸ ਦਿਨ ਉਹ ਟਰੱਕ ਸ਼ਾਮ ਨੂੰ 5.00 ਵਜੇ ਤੱਕ ਮੇਨ ਗੇਟ ਤੋਂ ਬਾਹਰ ਲੈ ਜਾਵਾਂਗਾ। ਜੇਕਰ ਟਰੱਕ ਪੂਰਾ ਲੋਡ ਨਾ ਹੋਣ ਕਰਕੇ ਜਾਂ ਕਿਸੇ ਮੇਰੇ ਆਪਣੇ ਕਾਰਣ ਕਰਕੇ ਸ਼ਾਮ ਨੂੰ 5.00 ਵਜੇ ਤੱਕ ਮੇਨ ਗੇਟ ਤੋਂ ਬਾਹਰ ਨਾ ਲਿਜਾ ਸਕਿਆ ਤਾਂ ਉਹ ਟਰੱਕ ਉਸ ਦਿਨ/ਰਾਤ ਨੂੰ ਕੈਂਪਸ ਵਿਖੇ ਹੀ ਖੜਾ ਰਹੇਗਾ, ਅਗਲੇ ਦਿਨ ਸਵੇਰ 10.00 ਵਜੇ ਤੱਕ ਲੈ ਕੇ ਜਾਵਾਂਗਾ।

06) ਮਿਤੀ .................. ਨੂੰ ਸ਼ਾਮ 5.00 ਵਜੇ ਤੱਕ ਆਖ਼ਰੀ ਟਰੱਕ ਲੋਡ ਕਰਕੇ ਜਮਾਨਤੀ ਰਕਮ, ਐਡਜਸਟ ਕਰਦੇ ਹੋਏ, ਬਣਦੀ ਸਾਰੀ ਅਦਾਇਗੀ ਅਦਾ ਕਰਕੇ ਮੈਂ ਰੱਦੀ ਚੁੱਕ ਲਵਾਂਗਾ। ਜੇਕਰ ਇਸ ਮਿਤੀ ਤੱਕ ਪੂਰੀ ਰੱਦੀ ਨਾ ਚੁੱਕ ਸਕਿਆ ਤਾਂ ਅਗਲੇ ਪੰਜ ਦਿਨਾਂ ਵਿੱਚ, ਇੱਕ ਹਜ਼ਾਰ ਰੁਪਏ ਪ੍ਰਤੀ ਦਿਨ, ਦੀ ਦਰ ਨਾਲ ਜੁਰਮਾਨਾ ਅਦਾ ਕਰਦੇ ਹੋਏ ਰੱਦੀ ਚੁੱਕ ਲਵਾਂਗਾ। ਮੇਰੇ ਵੱਲੋ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਮੇਰਾ ਟੈਂਡਰ ਰੱਦ ਸਮਝਿਆ ਜਾਵੇ ਤੇ ਉੱਤਰ-ਕਾਪੀਆਂ ਦੀ ਰੱਦੀ ਕਿਸੇ ਹੋਰ ਪਾਰਟੀ ਨੂੰ ਦੇ ਦਿੱਤੀ ਜਾਵੇ, ਮੈਨੂੰ ਕੋਈ ਇਤਰਾਜ਼ ਨਹੀਂ ਹੋਵੇਗਾ।

07) ਰੱਦੀ ਦੀ ਤੁਲਵਾਈ ਅਤੇ ਖਾਲੀ ਟਰੱਕ ਦੀ ਤੁਲਵਾਈ ਦਾ ਖ਼ਰਚਾ ਮੈਂ (ਟੈਂਡਰਕਾਰ) ਅਦਾ ਕਰਾਂਗਾ। ਖਾਲੀ ਅਤੇ ਭਰੇ ਟਰੱਕਾਂ ਦੀ ਤੁਲਵਾਈ ਯੂਨੀਵਰਸਿਟੀ ਵੱਲੋਂ ਦਸੇ ਕੰਡੇ ਤੇ ਮੇਰੇ ਵੱਲੋਂ ਕਰਵਾਈ ਜਾਵੇਗੀ।

08) ਕਿਸੇ ਵੀ ਕਾਨੂੰਨੀ ਵਾਦ-ਵਿਵਾਦ ਨੂੰ ਸੁਲਝਾਉਣ ਲਈ ਜੁਰਿਸਡਿਕਸ਼ਨ ਬਠਿੰਡਾ ਕੋਰਟ ਹੋਵੇਗੀ।

09) ਮੈਂ ਇੰਨਾਂ ਉੱਤਰ ਕਾਪੀਆਂ ਨੂੰ Recycle ਕਰਨ ਉਪਰੰਤ ਹੀ ਦੁਬਾਰਾ ਵਰਤੋਂ ਵਿਚ ਲਿਆਵਾਂਗਾ।

10) ਇਸ ਖਰੀਦ ਸਬੰਧੀ ਰੂਲਾਂ ਅਨੁਸਾਰ GST @12% ਮੇਰੇ ਵਲੋਂ ਯੂਨੀਵਰਸਿਟੀ ਦੀ ਲੇਖਾ ਸ਼ਾਖਾ ਵਿਚ ਜਮਾ ਕਰਵਾਇਆ ਜਾਵੇਗਾ।

11) ਜੇਕਰ ਮੈਂ ਉਪਰੋਕਤ ਸਾਰੀਆਂ ਸ਼ਰਤਾਂ ਜ਼ਾਂ ਇਨ੍ਹਾਂ ਵਿੱਚੋਂ ਕਿਸੇ ਇਕ ਵੀ ਸ਼ਰਤ ਨੂੰ/ਦੀ/ਮੰਨਣ/ਪਾਲਣਾ ਕਰਨ ਤੋਂ ਅਸਮਰਥ ਰਹਾਂ ਤਾਂ ਮੇਰੇ ਵੱਲੋਂ ਜਮ੍ਹਾਂ ਕਰਵਾਈ ਗਈ 5000/- ਰੁਪਏ (ਪੰਜ ਹਜ਼ਾਰ ਰੁਪਏ) ਜ਼ਮਾਨਤ ਦੀ ਰਕਮ ਜ਼ਬਤ ਕਰ ਲਈ ਜਾਵੇ, ਮੈਨੂੰ ਕੋਈ ਇਤਰਾਜ ਨਹੀਂ ਹੋਵੇਗਾ। ਉਸ ਸਥਿਤੀ ਵਿੱਚ, ਇਸਦੇ ਨਾਲ ਹੀ ਮੇਰੇ ਵੱਲੋਂ ਦਿੱਤਾ ਇਹ ਟੈਂਡਰ ਰਜਿਸਟਰਾਰ ਸਾਹਿਬ ਨੂੰ ਰੱਦ ਦਰਨ ਦਾ ਪੂਰਾ ਅਧਿਕਾਰ ਹੋਵੇਗਾ ਅਤੇ ਉਹ ਉੱਤਰ-ਕਾਪੀਆਂ ਦੀ ਰੱਦੀ ਕਿਸੇ ਵੀ ਢੰਗ ਨਾਲ, ਜ਼ੋ ਉਨ੍ਹਾਂ ਨੂੰ ਠੀਕ ਲੱਗੇ, ਕਿਸੇ ਦੂਸਰੀ ਪਾਰਟੀ ਨੂੰ ਦੁਬਾਰਾ ਵੇਚ ਸਕਦੇ ਹਨ, ਉਸ ਪ੍ਰਤੀ ਮੈਨੂੰ ਕੋਈ ਇਤਰਾਜ ਨਹੀਂ ਹੋਵੇਗਾ। ਇਸ ਤਰ੍ਹਾਂ ਦੁਬਾਰਾ ਵੇਚਣ ਦੀ ਪ੍ਰਕਿਰਿਆ ਵਿੱਚ ਯੂਨੀਵਰਸਿਟੀ ਨੂੰ ਜੋ ਵੀ ਵਿੱਤੀ ਨੁਕਸਾਨ/ਘਾਟਾ ਹੋਵੇਗਾ, ਉਹ ਮੇਰੇ ਦੁਆਰਾ ਭਰਿਆ ਜਾਵੇਗਾ।

ਮਿਤੀ: ..........................

ਨਾਮ ...............................................

ਪਤਾ ਅਤੇ ਫੋਨ ਨੰ: ..............................

........................................................

<u>ਇਕਰਾਰਨਾਮਾ</u>

ਮੈਂ.............................. ਰਜਿਸਟਰਾਰ, ਮਹਾਰਾਜ ਰਣਜੀਤ ਸਿੰਘ ਪੰਜਾਬ ਤਕਨੀਕੀ ਯੂਨੀਵਰਸਿਟੀ ਬਠਿੰਡਾ ਨਾਲ ਇਕਰਾਰ ਕਰਦਾ ਹਾਂ ਕਿ ਉੱਤਰ-ਕਾਪੀਆਂ ਦੀ ਰੱਦੀ ਖ੍ਰੀਦਣ ਲਈ ਯੂਨੀਵਰਸਿਟੀ ਵੱਲੋਂ ਲਗਾਈਆਂ ਹੇਠ ਲਿਖੀਆਂ ਸ਼ਰਤਾਂ ਮੈਨੂੰ ਸਵੀਕਾਰ ਹਨ ਤੇ ਇਨ੍ਹਾਂ ਦੀ ਪਾਲਣਾ ਕਰਦੇ ਹੋਏ ਮੈਂ ਇਹ ਰੱਦੀ ਚੁੱਕ ਲਵਾਂਗਾ-

1. ਮੈਂ ਉਤਰ-ਕਾਪੀਆਂ ਦੀ ਰੱਦੀ ਖ੍ਰੀਦ ਅਦਾਇਗੀ ਰੇਟ............................ ਪ੍ਰਤੀ ਕਿਲੋਗ੍ਰਾਮ ਦੇ ਹਿਸਾਬ ਨਾਲ ਕਰਾਂਗਾ।
2. ਯੂਨੀਵਰਸਿਟੀ ਦੀ ਸੀਕਰੇਸੀ ਸ਼ਾਂਖਾ ਦੇ ਕੈਂਪਸ ਵਿੱਚ ਦੱਸੇ ਗਈ ਗੋਦਾਮਾਂ ਤੋਂ ਇਹ ਰੱਦੀ ਚੁੱਕਣ ਦਾ ਪ੍ਰਬੰਧ ਮੇਰਾ ਆਪਣਾ ਹੋਵੇਗਾ। ਇਹ ਰੱਦੀ ਚੁਕਵਾਉਣ/ਬੋਰੀਆਂ ਵਿੱਚ ਭਰਾਈ ਅਤੇ ਰੱਦੀ/ਬੋਰੀਆਂ ਦੀ ਢੋਆ-ਢੁਆਈ ਲਈ ਲੱਗਣ ਵਾਲੀ ਲੇਬਰ ਦੇ ਪ੍ਰਬੰਧ ਤੇ ਉਸ ਤੇ ਆਉਣ ਵਾਲਾ ਸਾਰਾ ਖਰਚਾ ਆਦਿ ਮੇਰੇ ਵੱਲੋਂ ਕੀਤਾ ਜਾਵੇਗਾ।
3. ਇਕਰਾਰਨਾਮੇ ਦੀਆਂ ਸ਼ਰਤਾਂ ਦੀ ਪਾਲਣਾ ਕਰਦੇ ਹੋਏ, ਪੂਰੀ ਅਦਾਇਗੀ ਕਰੇ ਮੈਂ ਸਾਰੀ ਰੱਦੀ ਮਿਤੀ........... ਤੱਕ ਚੁੱਕ ਲਵਾਂਗਾ।
4. ਰੱਦੀ ਦਾ ਭਰਿਆ ਕੋਈ ਵੀ ਟਰੱਕ ਮੇਨ ਗੇਟ ਤੋਂ ਬਾਹਰ ਲਿਜਾਣ ਤੋ ਪਹਿਲਾਂ ਭਰੇ ਟਰੱਕ ਦੀ ਬਣਦੀ ਅੰਦਾਜ਼ਨ ਕੀਮਤ ਦਫਤਰ ਵਿੱਚ ਅਗੇਤੇ ਤੌਰ ਤੇ ਨਗਦ ਜਮ੍ਹਾਂ ਕਰਵਾਵਾਂਗਾ।
5. ਜਿਸ ਦਿਨ ਵੀ ਰੱਦੀ ਭਰਿਆ ਟਰੱਕ ਲੋਡ ਕੀਤਾ ਜਾਵੇਗਾ, ਉਸ ਦਿਨ ਉਹ ਟਰੱਕ ਸ਼ਾਮ ਨੂੰ 05.00 ਵਜੇ ਤੱਕ ਮੇਨ ਗੇਟ ਤੋਂ ਬਾਹਰ ਲੈ ਜਾਵਾਂਗਾ। ਜੇਕਰ ਟਰੱਕ ਪੂਰਾ ਲੋਡ ਨਾ ਹੋਣ ਕਰਕੇ ਜਾਂ ਹੋਰ ਕਿਸੇ ਮੇਰੇ ਆਪਣੇ ਕਾਰਣ ਕਰਕੇ ਸ਼ਾਮ ਨੂੰ 05.00 ਵਜੇ ਤੱਕ ਮੇਨ ਗੇਟ ਤੋ ਬਾਹਰ ਟਰੱਕ ਨਾ ਲਿਜਾ ਸਕਿਆ ਤਾਂ ਉਹ ਟਰੱਕ ਉਸ ਦਿਨ ਸ਼ਾਮ/ਰਾਤ ਨੂੰ ਕੈਂਪਸ ਵਿਖੇ ਹੀ ਖੜਾ ਰਹੇਗਾ, ਅਗਲੇ ਦਿਨ ਸਵੇਰੇ 10.00 ਵਜੇ ਤੱਕ ਲੈ ਕੇ ਜਾਵਾਂਗਾ।
6. ਮਿਤੀ.................... ਨੂੰ ਸ਼ਾਮ 05.00 ਵਜੇ ਤੱਕ ਆਖਰੀ ਟਰੱਕ ਲੋਡ ਕਰਕੇ ਜਮਾਨਤੀ ਰਕਮ, ਐਡਜਸਟ ਕਰਦੇ ਹੋਏ, ਆਖਰੀ ਟਰੱਕ ਦੀ ਬਾਕੀ ਸਾਰੀ ਅਦਾਇਗੀ ਅੰਦਾਜਨ ਨਗਦ ਅਦਾ ਕਰਕੇ ਮੈਂ ਰੱਦੀ ਚੁੱਕ ਲਵਾਂਗਾ। ਜੇਕਰ ਇਸ ਮਿਤੀ ਤੱਕ ਪੂਰੀ ਰੱਦੀ ਨਾ ਚੁੱਕ ਸਕਿਆ ਤਾਂ ਅਗਲੇ ਪੰਜ ਦਿਨਾਂ ਵਿੱਚ, ਇੱਕ ਹਜ਼ਾਰ ਰੁਪਏ ਪ੍ਰਤੀ ਦਿਨ, ਦੀ ਦਰ ਨਾਲ ਜੁਰਮਾਨਾ ਅਦਾ ਕਰਦੇ ਹੋਏ ਰੱਦੀ ਚੁੱਕ ਲਵਾਂਗਾ। ਮੇਰੇ ਵੱਲੋਂ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਮੇਰਾ ਟੈਂਡਰ ਰੱਦ ਸਮਝਿਆ ਜਾਵੇ ਤੇ ਉੱਤਰ-ਕਾਪੀਆਂ ਦੀ ਰੱਦੀ ਕਿਸੇ ਹੋਰ ਪਾਰਟੀ ਨੂੰ ਦੇ ਦਿੱਤੀ ਜਾਵੇ, ਮੈਨੂੰ ਕੋਈ ਇਤਰਾਜ਼ ਨਹੀਂ ਹੋਵੇਗਾ।
7. ਰੱਦੀ ਦੀ ਤੁਲਵਾਈ ਅਤੇ ਖਾਲੀ ਟਰੱਕ ਦੀ ਤੁਲਵਾਈ ਦਾ ਖਰਚਾ ਮੈਂ (ਟੈਂਡਰਕਾਰ) ਅਦਾ ਕਰਾਂਗਾ। ਖਾਲੀ ਅਤੇ ਭਰੇ ਟਰੱਕਾਂ ਦੀ ਤੁਲਵਾਈ ਯੂਨੀਵਰਸਿਟੀ ਦਫਤਰ ਵੱਲੋਂ ਦੱਸੇ ਦੋ-ਦੋ ਕੰਡਿਆਂ ਤੇ ਮੇਰੇ ਵੱਲੋਂ ਕਰਵਾਈ ਜਾਵੇਗੀ ਅਤੇ ਵੱਧ ਭਾਰ ਵਾਲੇ ਤੋਲ ਨੂੰ ਹੀ ਮੰਨਿਆ ਜਾਵੇਗਾ।
8. ਕਿਸੇ ਵੀ ਕਾਨੂੰਨ ਵਾਦ-ਵਿਵਾਦ ਨੂੰ ਸੁਲਝਾਉਣ ਲਈ ਜੁਰਿਸਡਿਕਸ਼ਨ ਬਠਿੰਡਾ ਕੋਰਟ ਹੋਵੇਗੀ।
9. ਜੇਕਰ ਮੈਂ ਉਪਰੋਕਤ ਸਾਰੀਆਂ ਸ਼ਰਤਾਂ ਜਾਂ ਇਨ੍ਹਾਂ ਵਿੱਚੋਂ ਕਿਸੇ ਵੀ ਸ਼ਰਤ ਨੂੰ/ਦੀ/ਮੰਨਣ/ਪਾਲਣਾ ਕਰਨ ਤੋਂ ਅਸਮਰਥ ਰਹਾਂ ਤਾਂ ਮੇਰੇ ਵੱਲੋਂ ਜਮ੍ਹਾਂ ਕਰਵਾਈ ਗਈ 50,000/- ਰੁਪਏ (ਪੰਜਾਹ ਹਜ਼ਾਰ ਰੁਪਏ) ਜ਼ਮਾਨਤ ਦੀ ਰਕਮ ਜਬਤ ਕਰ ਲਈ ਜਾਵੇ, ਮੈਨੂੰ ਕੋਈ ਇਤਰਾਜ ਨਹੀ ਹੋਵੇਗਾ। ਉਸ ਸਥਿਤੀ ਵਿੱਚ ਇਸਦੇ ਨਾਲ ਹੀ ਮੇਰੇ ਵੱਲੋਂ ਦਿੱਤਾ ਇਹ ਟੈਂਡਰ ਰਜਿਸਟਰਾਰ ਸਾਹਿਬ ਨੂੰ ਰੱਦ ਕਰਨ ਦਾ ਪੂਰਾ ਅਧਿਕਾਰ ਹੋਵੇਗਾ ਅਤੇ ਉਹ ਉੱਤਰ-ਕਾਪੀਆਂ

ਦੀ ਰੱਦੀ ਕਿਸੇ ਵੀ ਢੰਗ ਨਾਲ, ਜੋ ਉਨ੍ਹਾਂ ਨੂੰ ਠੀਕ ਲੱਗੇ, ਕਿਸੇ ਦੂਸਰੀ ਪਾਰਟੀ ਨੂੰ ਦੁਬਾਰਾ ਵੇਚ ਸਕਦੇ ਹਨ, ਉਸ ਪ੍ਰਤੀ ਮੈਨੂੰ ਕੋਈ ਉਜ਼ਰ ਨਹੀਂ ਹੋਵੇਗੀ। ਇਸ ਤਰ੍ਹਾਂ ਦੁਬਾਰਾ ਵੇਚਣ ਦੀ ਪ੍ਰਕਿਰਿਆ ਵਿੱਚ ਯੂਨੀਵਰਸਿਟੀ ਨੂੰ ਜੋ ਵੀ ਵਿੱਤੀ ਨੁਕਸਾਨ/ਘਾਟਾ ਹੋਵੇਗਾ, ਉਹ ਮੇਰੇ ਦੁਆਰਾ ਭਰਿਆ ਜਾਵੇਗਾ।

10. ਇਸ ਖਰੀਦ ਸਬੰਧੀ ਰੂਲਾਂ ਆਨੁਸਾਰ GST @12% ਮੇਰੇ ਵੱਲੋ ਯੂਨੀਵਰਸਿਟੀ ਦੀ ਲੇਖਾ ਸਾਖਾ ਵਿਚ ਜਮਾ ਕਰਵਾਇਆ ਜਵੇਗਾ।

ਮਿਤੀ-

ਨਾਮ.......................................................

ਪਤਾ..........................................................

...............................................................

ਫੋਨ ਨੰ-....................................................